ਪ੍ਰਧਾਨ ਮੰਤਰੀ ਨੂੰ ਕੁਵੈਤ ਦੇ ਉੱਚਤਮ ਰਾਸ਼ਟਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ

22 ਦਸੰਬਰ, 2024

ਕੁਵੈਤ ਦੇ ਅਮੀਰ, ਮਹਾਮਹਿਮ ਸ਼ੇਖ ਮੇਸ਼ਲ ਅਲ-ਅਹਿਮਦ ਅਲ-ਜਬਰ ਅਲ-ਸਬਾਹ ਨੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੂੰ ਕੁਵੈਤ ਦੇ ਉੱਚਤਮ ਰਾਸ਼ਟਰੀ ਪੁਰਸਕਾਰ, 'ਦ ਆਰਡਰ ਆਫ ਮੁਬਾਰਕ ਅਲ-ਕਬੀਰ' ਨਾਲ ਸਨਮਾਨਿਤ ਕੀਤਾ ਹੈ। ਇਸ ਮੌਕੇ 'ਤੇ ਕੁਵੈਤ ਦੇ ਪ੍ਰਧਾਨ ਮੰਤਰੀ ਮਹਾਮਹਿਮ ਸ਼ੇਖ ਅਹਿਮਦ ਅਲ-ਅਬਦੁੱਲ੍ਹਾ ਅਲ-ਅਹਿਮਦ ਅਲ-ਸਬਾਹ ਵੀ ਮੌਜੂਦ ਸਨ।

2. ਪ੍ਰਧਾਨ ਮੰਤਰੀ ਨੇ ਇਸ ਪੁਰਸਕਾਰ ਨੂੰ ਭਾਰਤ ਅਤੇ ਕੁਵੈਤ ਦੇ ਦਰਮਿਆਨ ਲੰਬੇ ਸਮੇਂ ਤੋਂ ਚਲੀ ਆ ਰਹੀ ਦੋਸਤੀ ਨੂੰ, ਕੁਵੈਤ ਵਿੱਚ ਭਾਰਤੀ ਸਮੁਦਾਇ ਨੂੰ ਅਤੇ ਭਾਰਤ  ਦੇ 1.4 ਅਰਬ ਲੋਕਾਂ ਨੂੰ ਸਮਰਪਿਤ ਕੀਤਾ ਹੈ।

3. ਭਾਰਤ ਦੇ ਕਿਸੇ ਪ੍ਰਧਾਨ ਮੰਤਰੀ ਦੀ 43 ਵਰ੍ਹਿਆਂ ਦੇ ਬਾਅਦ ਕੁਵੈਤ ਦੀ ਇਸ ਇਤਿਹਾਸਿਕ ਯਾਤਰਾ 'ਤੇ ਇਹ ਪੁਰਸਕਾਰ ਪ੍ਰਦਾਨ ਕੀਤਾ ਜਾਣਾ ਇਸ ਅਵਸਰ ਨੂੰ ਹੋਰ ਵੀ ਵਿਸ਼ੇਸ਼ ਬਣਾ ਦਿੰਦਾ ਹੈ।

4. ਇਹ ਪੁਰਸਕਾਰ 1974 ਦੀ ਸ਼ੁਰੂਆਤ 1974 ਵਿੱਚ ਕੀਤੀ ਗਈ ਸੀ ਅਤੇ ਉਦੋਂ ਤੋਂ ਇਹ ਚੋਣਵੇਂ ਗਲੋਬਲ ਲੀਡਰਾਂ ਨੂੰ ਦਿੱਤਾ ਗਿਆ ਹੈ।

ਕੁਵੈਤ

22 ਦਸੰਬਰ, 2024